**ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਐਸ.ਸੀ.ਓ. ਨੰ: 104-106, ਸੈਕਟਰ 34-ਏ, ਚੰਡੀਗੜ੍ਹ**

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ)/(ਐ.ਸਿ)
ਪੰਜਾਬ।

ਮੀਮੋ ਨੰ: ਡਿ.ਐਸ.ਪੀ.ਡੀ/ਐਸ.ਐਸ.ਏ/2010/38597
ਮਿਤੀ, ਚੰਡੀਗੜ੍ਹ:25-05-2010

**ਵਿਸ਼ਾ:- ਸਕੂਲਾਂ ਵਿੱਚ ਵਿਦਿਆਰਥੀਆਂ ਦੇ ਜਾਅਲੀ ਦਾਖਲੇ ਸੰਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਸੰਬੰਧੀ ਇਹ ਧਿਆਨ ਵਿੱਚ ਆਇਆ ਹੈ ਕਿ ਪੰਜਾਬ ਦੇ ਸਕੂਲਾਂ ਵਿੱਚ ਅਧਿਆਪਕਾਂ ਵੱਲੋਂ ਆਪਣੀਆਂ ਪੋਸਟਾਂ ਨੂੰ ਬਚਾਉਣ ਲਈ ਜਾਅਲੀ ਦਾਖਲੇ ਕੀਤੇ ਜਾਂਦੇ ਹਨ ਜਿਸਦਾ ਦਫਤਰ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

3.0 ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਕੂਲ ਮੁਖੀਆਂ ਨੂੰ ਇਸ ਸੰਬੰਧੀ ਸਖਤ ਚਿਤਾਵਨੀ ਦਿੱਤੀ ਜਾਵੇ ਕਿ ਅਜਿਹਾ ਕਰਨ ਵਾਲੇ ਅਧਿਆਪਕਾਂ ਵਿਰੁੱਧ ਸਖਤ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ-ਨਾਲ ਸਮੂਹ ਸਕੂਲ ਪ੍ਰਿੰਸੀਪਲ /ਮੁਖੀਆਂ ਤੋਂ ਸਰਟੀਫਿਕੇਟ ਲਿਆ ਜਾਵੇ ਕਿ ਉਹਨਾਂ ਦੇ ਸਕੂਲ ਵਿੱਚ ਜਿੰਨ੍ਹੇ ਵਿਦਿਆਰਥੀਆਂ ਦਾ ਦਾਖਲਾ ਹੋਇਆ ਹੈ ਉਹ ਰੈਗੂਲਰਲੀ ਸਕੂਲ ਆਉਂਦੇ ਹਨ ।

4.0 ਇਸ ਤੋਂ ਇਲਾਵਾ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਸਮੇਂ ਸਮੇਂ ਤੇ ਨਿਰੀਖਣ ਟੀਮਾਂ ਤੋਂ ਵਿਦਿਆਰਥੀਆਂ ਦੀ ਹਾਜ਼ਰੀ ਚੈੱਕ ਕਰਵਾਈ ਜਾਵੇ ਅਤੇ ਦੋਸ਼ੀ ਅਧਿਆਪਕਾਂ/ ਮੁਖੀਆਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ।**

ਪਿੱਠ ਅੰਕਣ ਨੰ. ਡਿਪਟੀ.ਐਸ.ਪੀ.ਡੀ/ਐਸ.ਐਸ.ਏ/2010/ਉਕਤ ਮਿਤੀ, ਚੰਡੀਗੜ੍ਹ:25-05-2010

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਸਮੂਹ ਕੰਪੋਨੈਂਟ ਹੈਂਡਜ਼ ਦਫਤਰ ਸਰਵ ਸਿੱਖਿਆ ਅਭਿਆਨ, ਪੰਜਾਬ ਨੂੰ ਲਿਖਿਆ ਜਾਂਦਾ ਹੈ ਕਿ ਸਮੇਂ-ਸਮੇਂ ਤੇ ਜਦੋਂ ਵੀ ਆਪ ਸਕੂਲਾਂ ਦਾ ਨਿਰੀਖਣ ਕਰਨ ਜਾਂਦੇ ਹੋ ਤਾਂ ਉਪਰੋਕਤ ਸੰਬੰਧੀ ਚੰਗੀ ਤਰ੍ਹਾਂ ਘੋਖ ਕਰ ਲਈ ਜਾਵੇ।
2. ਰਾਜ ਦੇ ਸਮੂਹ ਸੀਨੀਅਰ ਸੈਕੰਡਰੀ/ਹਾਈ/ਮਿਡਲ/ਪ੍ਰਾਇਮਰੀ ਸਕੂਲਾਂ ਦੇ ਮੁੱਖੀਆਂ ਨੂੰ ਕਾਰਵਾਈ ਹਿੱਤ (ਵੈਬਸਾਈਟ ਰਾਹੀਂ)

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ ਚੰਡੀਗੜ੍ਹ**